# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 29-11-2024**

ਲੋਕ ਸਭਾ ਨੇ ਵਕਫ਼ ਸੋਧ ਬਿੱਲ 'ਤੇ ਸਾਂਝੀ ਸੰਸਦੀ ਕਮੇਟੀ ਦਾ ਕਾਰਜਕਾਲ, 2025 ਦੇ ਬਜਟ ਇਜਲਾਸ ਤੱਕ ਵਧਾ ਦਿੱਤਾ ਏ। ਸਦਨ ਨੇ ਕਮੇਟੀ ਦੇ ਚੇਅਰਮੈਨ ਅਤੇ ਭਾਰਤੀ ਜਨਤਾ ਪਾਰਟੀ ਦੇ ਸੰਸਦ ਮੈਂਬਰ ਜਗਦੰਬਿਕਾ ਪਾਲ ਦੇ ਤਜਵੀਜ਼ ਨੂੰ ਆਵਾਜ਼ੀ ਵੋਟ ਨਾਲ ਪਾਸ ਕਰ ਦਿੱਤਾ। ਵਕਫ਼ ਸੋਧ ਬਿੱਲ-2024 ਵਿੱਚ ਕਈ ਮਹੱਤਵਪੂਰਨ ਸੁਧਾਰਾਂ ਦਾ ਤਜਵੀਜ਼ ਕੀਤੀ ਗਈ ਏ । ਇਨ੍ਹਾਂ ਵਿੱਚ ਰਿਕਾਰਡਾਂ ਦਾ ਡਿਜੀਟਾਈਜ਼ੇਸ਼ਨ, ਸਹੀ ਆਡਿਟ, ਪਾਰਦਰਸ਼ਤਾ ਵਧਾਉਣਾ ਅਤੇ ਗੈਰ-ਕਾਨੂੰਨੀ ਢੰਗ ਨਾਲ ਬਣਾਈ ਗਈ ਵਕਫ਼ ਜਾਇਦਾਦ ਨੂੰ ਵਾਪਸ ਲੈਣ ਲਈ, ਕਾਨੂੰਨੀ ਵਿਧੀ ਸ਼ਾਮਲ ਏ। ਬਿੱਲ ਦਾ ਉਦੇਸ਼, ਦੇਸ਼ ਭਰ ਵਿੱਚ ਵਕਫ਼ ਸੰਪਤੀਆਂ ਦੇ ਪ੍ਰਬੰਧਨ ਵਿੱਚ ਸੁਧਾਰ ਅਤੇ ਨਿਯਮਤ ਕਰਨਾ ਏ। ਸਾਂਝੀ ਸੰਸਦੀ ਕਮੇਟੀ, ਵੱਖ-ਵੱਖ ਸੂਬਿਆਂ ਦੇ ਸਰਕਾਰੀ ਅਧਿਕਾਰੀਆਂ,

ਕਾਨੂੰਨੀ ਮਾਹਿਰਾਂ, ਵਕਫ਼ ਬੋਰਡ ਦੇ ਮੈਂਬਰਾਂ ਅਤੇ ਭਾਈਚਾਰੇ ਦੇ ਨੁਮਾਇੰਦਿਆਂ ਨਾਲ ਮੀਟਿੰਗਾਂ ਕਰ ਰਹੀ ਏ।

--------------------------------------------------

ਫਤਹਿਗੜ੍ਹ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਡਾ. ਅਮਰ ਸਿੰਘ ਨੇ ਨਵੀਂ ਦਿੱਲੀ ਵਿਖੇ, ਸਿਵਲ ਹਵਾਬਾਜ਼ੀ ਮੰਤਰੀ ਰਾਮ ਮੋਹਨ ਨਾਇਡੂ  ਨਾਲ ਮੁਲਾਕਾਤ ਕਰਕੇ, ਸ਼ਹੀਦ ਕਰਤਾਰ ਸਿੰਘ ਸਰਾਭਾ ਕੌਮਾਂਤਰੀ ਹਵਾਈ ਅੱਡੇ ਹਲਵਾਰਾ ਨੂੰ ਚਾਲੂ ਕਰਨ ਲਈ ਵਿਸਥਾਰ ਨਾਲ ਚਰਚਾ ਕੀਤੀ । ਕੇਂਦਰੀ ਮੰਤਰੀ ਨੇ ਭਰੋਸਾ ਦਿਵਾਇਆ ਏ ਕਿ ਆਉਣ ਵਾਲੇ 3 ਮਹੀਨਿਆਂ ਅੰਦਰ ਇਹ ਹਵਾਈ ਅੱਡਾ ਸ਼ੁਰੂ ਹੋ ਜਾਵੇਗਾ ਅਤੇ ਇਥੋਂ ਉਡਾਣਾਂ ਚਾਲੂ ਹੋ ਜਾਣਗੀਆਂ ।

--------------------------------------------------

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਇਕ ਮੀਟਿੰਗ ਦੌਰਾਨ ਹਲਵਾਰਾ ਦੇ ਅੰਤਰ-ਰਾਸ਼ਟਰੀ ਹਵਾਈ ਅੱਡੇ 'ਤੇ ਚੱਲ ਰਹੇ ਸਿਵਲ ਕੰਮਾਂ ਦਾ ਜਾਇਜ਼ਾ ਲਿਆ। ਵੱਖ-ਵੱਖ ਅਧਿਕਾਰੀਆਂ ਸਮੇਤ ਠੇਕੇਦਾਰ ਕੰਪਨੀਆਂ ਦੇ ਨੁਮਾਇੰਦਿਆਂ ਨਾਲ  ਜਤਿੰਦਰ ਜੋਰਵਾਲ ਨੇ

ਪ੍ਰੋਜੈਕਟ ਦੇ ਹਰ ਪਹਿਲੂ ਦੀ ਜਾਂਚ ਕੀਤੀ। ਇਸ ਵਿੱਚ ਸੁਰੱਖਿਆ ਪ੍ਰਣਾਲੀਆਂ ਦੀ ਸਥਾਪਨਾ, ਛੱਤ ਵਾਲੇ ਸੂਰਜੀ ਪੈਨਲ ਅਤੇ ਸੀ.ਸੀ.ਟੀ.ਵੀ ਕੈਮਰੇ ਸਮੇਤ ਹੋਰ ਮਹੱਤਵਪੂਰਨ ਕੰਮ ਸ਼ਾਮਲ ਹਨ। ਉਨ੍ਹਾਂ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਇਨ੍ਹਾਂ ਕੰਮਾਂ ਨੂੰ ਪੂਰਾ ਕਰਨ ਵਿੱਚ ਤੇਜ਼ੀ ਲਿਆਉਣ ਦੀ ਅਪੀਲ ਕੀਤੀ ਅਤੇ ਸਾਰੀਆਂ ਸਬੰਧਤ ਧਿਰਾਂ ਦਰਮਿਆਨ ਪ੍ਰਭਾਵਸ਼ਾਲੀ ਤਾਲਮੇਲ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਸੇ ਵੀ ਸਮੱਸਿਆ ਦਾ ਤੁਰੰਤ ਹੱਲ ਕਰਨ ਦੀ ਹਦਾਇਤ ਕੀਤੀ। ਉਹਨਾਂ ਦੱਸਿਆ ਕਿ ਅੰਦਰੂਨੀ ਸੜਕਾਂ, ਟੈਕਸੀਵੇਅ, ਜਨਤਕ ਸਿਹਤ ਸੇਵਾਵਾਂ, ਸਮੇਤ ਹੋਰਨਾਂ ਸੁਵਿਧਾਵਾਂ ਅਤੇ ਪਾਰਕਿੰਗ ਖੇਤਰਾਂ ਦੇ ਨਿਰਮਾਣ ਦੇ ਨਾਲ ਮਹੱਤਵਪੂਰਨ ਪ੍ਰਗਤੀ ਕੀਤੀ ਗਈ ਏ ।

---

ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮਲੋਟ ਸ਼ਹਿਰ ਵਿੱਚ ਸੀਵਰੇਜ਼ ਵਿਵਸਥਾ ਨੂੰ ਬਿਹਤਰ ਬਣਾਉਣ ਲਈ 6 ਕਰੋੜ ਰੁਪਏ ਦੇ ਸੀਵਰੇਜ਼ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਏ । ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਲੜੀ

ਤਹਿਤ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਕਈ ਵਿਕਾਸ ਪ੍ਰੋਜੈਕਟ ਚਲਾਏ ਹੋਏ ਨੇ । ਡਾ. ਬਲਜੀਤ ਕੌਰ ਨੇ ਦੱਸਿਆ ਕਿ ਮਲੋਟ ਸ਼ਹਿਰ ਵਿੱਚ ਪਿਛਲੇ ਲੰਬੇ ਸਮੇਂ ਤੋਂ ਚੱਲ ਰਹੀ ਸੀਵਰੇਜ ਦੀ ਸਮੱਸਿਆ ਨੂੰ ਸੁਧਾਰਨ ਲਈ ਅਤੇ ਸ਼ਹਿਰ ਦੇ ਨਿਵਾਸੀਆਂ ਨੂੰ ਬਿਹਤਰ ਅਤੇ ਸੰਪੂਰਣ ਸੀਵਰੇਜ ਸੇਵਾਵਾਂ ਪ੍ਰਦਾਨ ਕਰਨ ਲਈ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਨੇ  ਅਤੇ ਇਸ ਲਈ ਲਗਾਤਾਰ ਸਬੰਧਤ ਵਿਭਾਗ ਨਾਲ ਤਾਲਮੇਲ ਕਰਕੇ ਲੋੜੀਂਦੇ ਫੰਡ ਮੁਹੱਈਆ ਕਰਵਾਏ ਜਾ ਰਹੇ ਨੇ । ਉਨ੍ਹਾਂ ਕਿਹਾ ਕਿ ਮਲੋਟ ਦੇ ਨਿਵਾਸੀ ਇਹ ਸਮੱਸਿਆ ਕਈ ਸਾਲਾਂ ਤੋਂ ਝੱਲ ਰਹੇ ਸਨ, ਜੋ ਕਿ ਹੁਣ ਇਸ ਪ੍ਰੋਜੈਕਟ ਰਾਹੀਂ ਹੱਲ ਹੋਵੇਗੀ । ਮੰਤਰੀ ਨੇ ਦੱਸਿਆ ਕਿ ਇਹ ਪ੍ਰੋਜੈਕਟ ਮਲੋਟ ਸ਼ਹਿਰ ਦੀਆਂ ਪੁਰਾਣੀਆਂ ਸਮੱਸਿਆਵਾਂ ਨੂੰ ਦੂਰ ਕਰਨ ਅਤੇ ਨਿਵਾਸੀਆਂ ਦੀ ਜੀਵਨ ਗੁਣਵੱਤਾ ਨੂੰ ਸੁਧਾਰਨ ਲਈ ਇੱਕ ਮਹੱਤਵਪੂਰਨ ਕਦਮ ਏ । ਉਨ੍ਹਾਂ 6 ਕਰੋੜ ਦੀ ਲਾਗਤ ਨਾਲ ਮਲੋਟ ਦੀ ਮੇਨ ਕਾਲੋਨੀ ਰੋਡ ਉਪਰ ਵੱਡੀ ਪਾਈਪਾਂ ਵਾਲਾ ਸੀਵਰੇਜ ਵਿਛਾਏ ਜਾਣ ਦੇ ਕੰਮ ਦੀ ਸ਼ੁਰੂਆਤ ਕੀਤੀ ।

----------------------------------------------------------------

ਪ੍ਰਵਾਸੀ ਭਾਰਤੀ ਮਾਮਲੇ ਅਤੇ ਪ੍ਰਬੰਧਕੀ ਸੁਧਾਰ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ  ਫੌਜ ਦੇ ਉਚ ਅਧਿਕਾਰੀਆਂ ਨਾਲ ਮੀਟਿੰਗ ਕੀਤੀ । ਅਧਿਕਾਰੀਆਂ ਵਲੋਂ ਅਜਨਾਲਾ ਸੜਕ ਨੂੰ 5.5 ਮੀਟਰ ਦੀ ਚੌੜਾਈ ਤੋਂ ਵਧਾ ਕੇ 7 ਮੀਟਰ ਕਰਨ ਦਾ ਭਰੋਸਾ ਦਿੱਤਾ ਗਿਆ। 11 ਕੋਰ ਹੈਡਕੁਆਰਟਰ ਜਲੰਧਰ ਕੈਂਟ ਵਿਖੇ ਹੋਈ ਮੀਟਿੰਗ ਸਬੰਧੀ ਕੈਬਨਿਟ ਮੰਤਰੀ ਨੇ ਦੱਸਿਆ ਕਿ ਸਰਹੱਦੀ ਹਲਕੇ ਦੇ ਲੋਕਾਂ ਦੀ ਇਸ ਨਾਲ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਹੁਣ ਪੂਰੀ ਹੋ ਜਾਵੇਗੀ ਅਤੇ ਇਸ ਨਾਲ ਇਲਾਕੇ ਵਿੱਚ ਅਵਾਜਾਈ ਦੀ ਸਮੱਸਿਆ ਦਾ ਪੱਕਾ ਹੱਲ ਹੋਵੇਗਾ । ਸ੍ਰੀ ਧਾਲੀਵਾਲ ਨੇ ਦੱਸਿਆ ਕਿ 72 ਕਿਲੋਮੀਟਰ ਲੰਬੀ ਇਹ ਸੜਕ ਫੌਜ ਦੇ ਅਧਿਕਾਰ ਖੇਤਰ ਵਿੱਚ ਆਉਂਦੀ ਏ । ਉਨ੍ਹਾਂ ਦੱਸਿਆ ਕਿ ਗੰਨੇ ਦੇ ਸੀਜ਼ਨ ਦੌਰਾਨ ਭਰੀਆਂ ਟਰਾਲੀਆਂ ਲੰਘਣ ਕਰਕੇ ਵੱਡੇ ਸੜਕੀ ਜਾਮ ਲੱਗੇ ਸਨ ਅਤੇ ਉਨ੍ਹਾਂ ਵਲੋਂ ਇਸ ਸਮੱਸਿਆ ਨੂੰ ਰੱਖਿਆ ਮੰਤਰਾਲੇ ਕੋਲ ਉਠਾਇਆ ਗਿਆ ਸੀ, ਜਿਸ ਦੇ ਸਿੱਟੇ ਵਜੋਂ ਅੱਜ ਲੈਫਟੀਨੈਂਟ ਜਨਰਲ ਅਜੈ ਚਾਂਦਪੂਰੀਆ ਅਤੇ ਉਨ੍ਹਾਂ  ਦੀ ਟੀਮ ਨਾਲ ਮੀਟਿੰਗ ਕੀਤੀ ਗਈ ਏ ।

ਉਨ੍ਹਾਂ ਦੱਸਿਆ ਕਿ ਫੌਜ ਦੇ ਉਚ ਅਧਿਕਾਰੀਆਂ ਵਲੋਂ ਮੌਕੇ ’ਤੇ ਇਸ ਦਾ ਜਾਇਜ਼ਾ ਲੈਕੇ ਸੜਕ ਨੂੰ ਚੌੜਾ ਕਰਨ ਦਾ ਭਰੋਸਾ ਦਿੱਤਾ ਗਿਆ ਅਤੇ ਅਗਲੇ ਸਾਲ ਮੁਕੰਮਲ ਕਰਨ ਲਈ ਵੀ ਕਿਹਾ ਗਿਆ ਏ।

---------------------------------------------------------

ਸੀਮਾ ਸੁਰੱਖਿਆ ਬਲ ਦੇ ਸਥਾਪਨਾ ਦਿਵਸ ਮੌਕੇ BSF ਜਵਾਨਾਂ ਵੱਲੋਂ ਪੰਜਾਬ ਦੇ ਅਬੋਹਰ ਤੋ ਸ਼ੁਰੂ ਕੀਤੀ ਗਈ ਨਸ਼ਿਆਂ ਖਿਲਾਫ ਜਾਗਰੂਕ ਸਾਈਕਲ ਰੈਲੀ ਦਾ ਡੇਰਾ ਬਾਬਾ ਨਾਨਕ ਦੀ ਸਰਹੱਦ ਤੇ ਬਣੇ ਕਰਤਾਰਪੁਰ ਲਾਂਘੇ 'ਤੇ  ਪੁੱਜਣ ਮੌਕੇ, ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ BSF  ਦੇ DIG  ਯੁਵਰਾਜ ਦੂਬਏ ਅਤੇ ਵੱਖ ਵੱਖ ਬਟਾਲੀਅਨ ਦੇ ਕਮਾਂਡੈਂਟ ਵੀ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। DIG ਨੇ ਕਿਹਾ ਕਿ ਬੀ.ਐਸ.ਐਫ ਦੇ ਸਥਾਪਨਾ ਦਿਵਸ ਮੌਕੇ ਜਵਾਨਾ ਵੱਲੋਂ ਸਾਈਕਲ ਰੈਲੀ ਰਾਹੀਂ ਨਸ਼ਿਆਂ ਸਬੰਧੀ ਜਾਗਰੂਕਤਾ ਫੈਲਾਈ ਜਾ ਰਹੀ ਏ। ਉਨਾਂ ਕਿਹਾ ਕਿ ਫੌਜ ਅਤੇ ਹਾਕੀ ਦੀਆਂ ਟੀਮਾਂ ਵਿੱਚ ਸਿੱਖ ਨੌਜਵਾਨਾਂ ਦੀਆਂ ਬਹਾਦਰੀ ਅਤੇ ਤਾਕਤ ਦੀ ਮਿਸਾਲ ਮਿਲਦੀ ਏ। ਉਨ੍ਹਾਂ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੇ ਕੋਹੜ ਤੋਂ ਦੂਰ ਰਹਿ ਕੇ, ਦੇਸ਼ ਨੂੰ ਹੋਰ ਅੱਗੇ

ਲਿਜਾਣ ਵਿੱਚ ਆਪਣਾ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਉਹਨਾਂ ਸਰਹੱਦੀ ਖੇਤਰ ਦੇ ਲੋਕਾਂ ਨੂੰ, ਨਸ਼ਿਆਂ ਸੰਬੰਧੀ ਆਪਣੇ ਬੱਚਿਆਂ ਨੂੰ ਜਾਗਰੂਕ ਕਰਨ ਅਤੇ ਇਸ ਬੁਰਿਆਈ ਤੋਂ ਬੱਚਿਆਂ ਨੂੰ ਦੂਰ ਰੱਖਣ ਦੀ ਅਪੀਲ ਕੀਤੀ। ਜ਼ਿਕਰਯੋਗ ਏ ਕਿ 23 ਨਵੰਬਰ ਨੂੰ ਅਬੋਹਰ ਤੋਂ ਸ਼ੁਰੂ ਹੋਈ ਇਹ ਸਾਇਕਲ ਰੈਲੀ ਫਾਜਿਲਕਾਂ, ਫਿਰੋਜਪੁਰ, ਤਰਨਤਾਰਨ , ਅੰਮ੍ਰਿਤਸਰ ਤੋਂ ਹੁੰਦੀ ਹੋਈ ਕਲ ਡੇਰਾ ਬਾਬਾ ਨਾਨਕ ਪੁਜੀ ਮਗਰੋਂ ਹੈਡ ਕੁਆਰਟਰ ਸ਼ਿਕਾਰ ਮਾਛੀਆਂ ਲਈ ਰਵਾਨਾ ਕੀਤਾ ਗਿਆ। ਰੈਲੀ ਵਿੱਚ ਬੀ.ਐਸ.ਐਫ ਦੇ 117 ਬਟਾਲੀਅਨ ਦੇ ਜਵਾਨਾਂ ਤੋਂ ਇਲਾਵਾ 113 ਬਟਾਲੀਅਨ ਦੇ ਜਵਾਨਾਂ ਵੱਲੋਂ ਵੀ ਇਸ ਸਾਈਕਲ ਰੈਲੀ ਵਿੱਚ ਸ਼ਮੂਲੀਅਤ ਕੀਤੀ ਗਈ।

------------------------------------------------------------

ਪੰਜਾਬ ਵਿੱਚ ਅੱਜ ਵੀ ਧੁੰਦ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਕੁਝ ਜ਼ਿਲ੍ਹਿਆਂ ਵਿੱਚ ਦਿਖਤਾ 50 ਮੀਟਰ ਤੋਂ ਹੇਠਾਂ ਜਾ ਸਕਦੀ ਏ। ਮੌਸਮ ਵਿਭਾਗ ਦੇ ਅਨੁਸਾਰ ਗੁਰਦਾਸਪੁਰ, ਅੰਮ੍ਰਿਤਸਰ, ਮੋਗਾ, ਬਠਿੰਡਾ, ਲੁਧਿਆਣਾ, ਬਰਨਾਲਾ, ਮਾਨਸਾ, ਸੰਗਰੂਰ ਅਤੇ ਪਟਿਆਲਾ ਵਿੱਚ ਧੁੰਦ

ਨੂੰ ਲੈ ਕੇ ਯੈਲੋ ਅਲਰਟ ਏ। ਅੱਜ ਤੋਂ ਬਾਅਦ ਪੰਜਾਬ ਵਿੱਚ ਇੱਕ ਵਾਰ ਫਿਰ ਧੁੰਦ ਤੋਂ ਰਾਹਤ ਮਿਲਣ ਦੇ ਆਸਾਰ ਨੇ। ਆਉਣ ਵਾਲੇ ਇੱਕ ਹਫ਼ਤੇ ਤੱਕ ਮੀਂਹ ਪੈਣ ਦੀ ਕੋਈ ਸੰਭਾਵਨਾ ਨਹੀਂ ਏ, ਪਰ ਪਹਾੜਾਂ ‘ਚ ਬਰਫਬਾਰੀ ਤੋਂ ਬਾਅਦ ਮੈਦਾਨੀ ਇਲਾਕਿਆਂ ‘ਚ ਠੰਡ ਵਧੇਗੀ।